# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :28-06-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਕਿ ਭਾਰਤ ਨੇ ਜੂਨ ਵਿੱਚ ਸਵਦੇਸ਼ੀ ਤੌਰ 'ਤੇ ਵਿਕਸਤ C-295 ਜਹਾਜ਼ ਦੀ ਪਹਿਲੀ ਉਡਾਣ ਨਾਲ ਹਵਾਬਾਜ਼ੀ ਖੇਤਰ ਵਿੱਚ ਇੱਕ ਵੱਡੀ ਸਫਲਤਾ ਪ੍ਰਾਪਤ ਕੀਤੀ। ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ 'ਚ ਦੇਸ਼ ਵਿਦੇਸ਼ ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ ਵਿੱਚ, ਉਨ੍ਹਾਂ ਕਿਹਾ ਕਿ ਦੇਸ਼ ਵਿੱਚ ਇਸ ਸਮੇਂ 40 ਹੋਰ ਅਜਿਹੇ ਜਹਾਜ਼ ਬਣਾਏ ਜਾ ਰਹੇ ਨੇ । ਸ਼੍ਰੀ ਮੋਦੀ ਨੇ ਕਿਹਾ ਕਿ ਇਸ ਨਾਲ ਸੂਖਮ, ਛੋਟੇ ਅਤੇ ਦਰਮਿਆਨੇ ਉੱਦਮਾਂ- MSMEs ਅਤੇ ਏਅਰੋਸਪੇਸ ਖੇਤਰਾਂ ਨੂੰ ਉਤਸ਼ਾਹ ਮਿਲ ਰਿਹਾ ਏ ਨਵੇਂ ਰੁਜ਼ਗਾਰ ਦੇ ਮੌਕੇ ਪੈਦਾ ਹੋ ਰਹੇ ਨੇ ਅਤੇ ਇੱਕ ਆਤਮ -ਨਿਰਭਰ ਭਾਰਤ ਦਾ ਸੰਕਲਪ ਮਜ਼ਬੂਤ ਹੋ ਰਿਹਾ ਏ । ਸ਼੍ਰੀ ਮੋਦੀ ਨੇ ਕਿਹਾ ਕਿ ਜੂਨ ਵਿੱਚ, ਕੋਲਕਾਤਾ ਵਿੱਚ ਤਿੰਨ ਜੰਗੀ ਜਹਾਜ਼ - ਦੁਨਾਗਿਰੀ, ਸੰਸ਼ੋਧਕ ਅਤੇ

ਅਗਰੇਯ -ਜਾਰੀ ਕੀਤੇ ਗਏ ਸਨ। ਉਨ੍ਹਾਂ ਕਿਹਾ ਕਿ ਭਾਰਤ ਸਮੁੰਦਰ ਤੋਂ ਅਸਮਾਨ ਤੱਕ ਤੇਜ਼ੀ ਨਾਲ ਸੁਰੱਖਿਅਤ ਅਤੇ ਸਵੈ-ਨਿਰਭਰ ਹੋ ਰਿਹਾ ਹੈ।

BYTE

ਪ੍ਰਧਾਨ ਮੰਤਰੀ ਨੇ ਅੰਤਰ-ਰਾਸ਼ਟਰੀ ਯੋਗ ਦਿਵਸ ਬਾਰੇ ਗੱਲ ਕੀਤੀ, ਜਿਸਨੂੰ ਦੁਨੀਆ ਭਰ ਵਿੱਚ ਮਨਾਇਆ ਗਿਆ । ਇਸ ਸਾਲ, ਇਹ ਸਮਾਗਮ 2,500 ਤੋਂ ਵੱਧ ਥਾਵਾਂ 'ਤੇ ਆਯੋਜਿਤ ਕੀਤਾ ਗਿਆ। ਭਾਰਤ ਵਿੱਚ ਲੱਖਾਂ ਲੋਕਾਂ ਨੇ ਯੋਗ ਦਿਵਸ ਵਿੱਚ ਹਿੱਸਾ ਲਿਆ। ਉਨ੍ਹਾਂ ਕਿਹਾ ਕਿ ਭਾਰਤ ਨੇ ਅਹਿਮਦਾਬਾਦ ਵਿੱਚ ਵਿਸ਼ਵ ਯੋਗਾਸਨ ਚੈਂਪੀਅਨਸ਼ਿਪ ਵਿੱਚ 102 ਸੋਨ ਤਗਮਿਆਂ ਸਮੇਤ ਕੁੱਲ 114 ਤਗਮੇ ਜਿੱਤੇ, ਜੋ ਤਗਮਿਆਂ ਦੀ ਸੂਚੀ ਵਿੱਚ ਸਿਖਰ 'ਤੇ ਰਿਹਾ। ਸ੍ਰੀ ਮੋਦੀ ਨੇ ਸਾਰੇ ਜੇਤੂ ਐਥਲੀਟਾਂ ਨੂੰ ਵਧਾਈ ਦਿੱਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਰਾਸ਼ਟਰ ਨਿਰਮਾਣ ਵਿੱਚ ਜਨਤਕ ਭਾਗੀਦਾਰੀ ਭਾਰਤ ਲਈ ਬਹੁਤ ਖੁਸ਼ੀ ਦੀ ਗੱਲ ਰਹੀ ਏ । ਉਨ੍ਹਾਂ ਕਿਹਾ ਕਿ ਪੱਛਮੀ ਏਸ਼ੀਆ ਵਿੱਚ ਜੰਗ ਵਰਗੀ ਸਥਿਤੀ ਦੇ ਮੱਦੇਨਜ਼ਰ, ਕੁਝ ਥਾਵਾਂ 'ਤੇ ਨਾਗਰਿਕਾਂ ਨੇ ਸੋਨੇ ਦੀ ਖਰੀਦਦਾਰੀ ਅਤੇ ਵਿਦੇਸ਼ ਯਾਤਰਾ ਨੂੰ ਅਸਥਾਈ ਤੌਰ 'ਤੇ ਮੁਲਤਵੀ ਕਰਕੇ ਇਕਜੁੱਟਤਾ ਦਾ ਪ੍ਰਦਰਸ਼ਨ ਕੀਤਾ। ਸ੍ਰੀ ਮੋਦੀ ਨੇ ਨਾਗਰਿਕਾਂ ਨੂੰ ਖੇਤੀਬਾੜੀ ਵਾਲੀ ਜ਼ਮੀਨ ਨੂੰ ਰਸਾਇਣਾਂ ਤੋਂ ਦੂਰ ਰੱਖਣ ਅਤੇ ਕੁਦਰਤੀ ਖਾਦਾਂ ਦੀ ਵਰਤੋਂ ਕਰਕੇ ਆਪਣੀ ਜ਼ਮੀਨ ਦੀ ਵੱਧ ਤੋਂ ਵੱਧ ਖੇਤੀ ਕਰਨ ਦੀ ਅਪੀਲ ਕੀਤੀ। ਉਨ੍ਹਾਂ

ਦੇਸ਼ ਵਾਸੀਆਂ ਦਾ ਹਰ ਤਰ੍ਹਾਂ ਨਾਲ ਸਮਰਥਨ ਅਤੇ ਸਰਗਰਮ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਸ੍ਰੀ ਮੋਦੀ ਨੇ ਇਹ ਵੀ ਨੋਟ ਕੀਤਾ ਕਿ ਇਸ ਸਾਲ ਬਹੁਤ ਸਾਰੇ ਪਰਿਵਾਰਾਂ ਨੇ ਵਿਆਹਾਂ ਲਈ ਸੋਨੇ ਦੀ ਖਰੀਦਦਾਰੀ ਨੂੰ ਛੱਡ ਦਿੱਤਾ ਅਤੇ ਇਸ ਦੀ ਬਜਾਏ ਪੁਰਾਣੇ ਗਹਿਣਿਆਂ ਤੋਂ ਨਵੇਂ ਗਹਿਣੇ ਤਿਆਰ ਕੀਤੇ। ਪ੍ਰਧਾਨ ਮੰਤਰੀ ਨੇ ਜ਼ਿਕਰ ਕੀਤਾ ਕਿ ਬਹੁਤ ਸਾਰੇ ਲੋਕਾਂ ਨੇ ਕਾਰਪੂਲਿੰਗ ਸੰਬੰਧੀ ਆਪਣੇ ਤਜਰਬੇ ਸਾਂਝੇ ਕੀਤੇ ਹਨ। ਇੱਕੋ ਦਿਸ਼ਾ ਵਿੱਚ ਯਾਤਰਾ ਕਰਨ ਵਾਲੇ ਬਹੁਤ ਸਾਰੇ ਲੋਕਾਂ ਨੇ ਕਾਰਪੂਲਿੰਗ ਦੀ ਵਰਤੋਂ ਕਰਕੇ ਇਕੱਠੇ ਯਾਤਰਾ ਕਰਨ ਨੂੰ ਤਰਜੀਹ ਦਿੱਤੀ ਏ । ਲੋਕ ਬੱਸਾਂ ਅਤੇ ਮੈਟਰੋ ਦੀ ਵਰਤੋਂ ਕਰ ਰਹੇ ਹਨ, ਜਿਸ ਨਾਲ ਪੈਟਰੋਲ ਅਤੇ ਡੀਜ਼ਲ ਦੀ ਬਚਤ ਹੋਈ ਏ । ਸ਼੍ਰੀ ਮੋਦੀ ਨੇ ਕਿਹਾ ਕਿ ਦੇਸ਼ ਦੇ ਕਈ ਖੇਤਰਾਂ ਵਿੱਚ ਕੁਦਰਤੀ ਖਾਦਾਂ ਦੀ ਵਰਤੋਂ ਵਧਣ ਦੀਆਂ ਖਬਰਾਂ ਨੇ । ਉਨ੍ਹਾਂ ਨੇ ਤੱਸਲੀ ਜ਼ਾਹਿਰ ਕੀਤੀ ਕਿ ਭਾਰਤੀ ਇਸ ਵਿਸ਼ਵਵਿਆਪੀ ਸੰਕਟ ਦਾ ਸਾਹਮਣਾ ਕਰਨ ਲਈ ਇੱਕਜੁੱਟ ਹਨ। ਸ਼੍ਰੀ ਮੋਦੀ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਜਨਤਕ ਭਾਗੀਦਾਰੀ ਦੀ ਇਹ ਸ਼ਕਤੀ ਦੇਸ਼ ਨੂੰ ਮਜ਼ਬੂਤ ਕਰੇਗੀ ਅਤੇ ਸਫਲਤਾ ਵੱਲ ਲੈ ਜਾਵੇਗੀ।

------------------------------------------------

-ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ

ਨੇ ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਦੇ ਮੰਦਰ ਦੇ ਨੇੜੇ ਮਾਤਾ ਸੀਤਾ ਅਤੇ ਲਵ-ਕੁਸ਼ ਦਾ ਮੰਦਰ ਬਣਾਉਣ ਦਾ ਐਲਾਨ ਕੀਤਾ ਏ । ਅੱਜ ਅੰਮ੍ਰਿਤਸਰ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਹਰ ਧਰਮ ਦੇ ਲੋਕਾਂ ਲਈ ਦੁਨੀਆ ਦੀ ਸਭ ਤੋਂ ਪਵਿੱਤਰ ਧਰਤੀ ਏ । ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਸਥਿਤ ਸ੍ਰੀ ਦਰਬਾਰ ਸਾਹਿਬ ਜਿਥੇ ਦੁਨੀਆ ਭਰ ਤੋਂ ਹਰ ਧਰਮ ਦੇ ਲੋਕ ਇੱਥੇ ਸੀਸ ਨਿਵਾਉਣ ਆਉਂਦੇ ਨੇ ,ਉਨ੍ਹਾਂ ਨੂੰ ਇੱਥੇ ਆ ਕੇ ਸ਼ਾਂਤੀ ਤੇ ਸਕੂਨ ਮਿਲਦਾ ਏ ਅਤੇ ਮਨੋਕਾਮਨਾਵਾਂ ਪੂਰੀਆਂ ਹੁੰਦੀਆਂ ਨੇ । ਉਨ੍ਹਾਂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਦੁਰਗਿਆਣਾ ਮੰਦਰ ਅਤੇ ਦੇਸ਼ ਭਗਤੀ ਦਾ ਪ੍ਰਤੀਕ ਜਲ੍ਹਿਆਂਵਾਲਾ ਬਾਗ ਅਤੇ ਵਾਹਗਾ ਬਾਰਡਰ ਨੇ । ਉਨ੍ਹਾਂ ਕਿਹਾ ਕਿ ਸਭ ਤੋਂ ਮਹੱਤਵਪੂਰਨ ਗੱਲ ਇਹ ਏ ਕਿ ਭਗਵਾਨ ਵਾਲਮੀਕਿ ਜੀ ਨੇ ਅੰਮ੍ਰਿਤਸਰ ਵਿੱਚ ਰਹਿੰਦਿਆਂ ਹੀ ਰਾਮਾਇਣ ਦਾ ਰਚਨਾ ਕੀਤੀ ਸੀ। ਇਹ ਉਹੀ ਥਾਂ ਏ ਜਿੱਥੇ ਭਗਵਾਨ ਵਾਲਮੀਕਿ ਜੀ ਦਾ ਪਵਿੱਤਰ ਮੰਦਰ ਸਥਿਤ ਏ । ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਸੱਚਮੁੱਚ ਇੱਕ ਵਿਲੱਖਣ ਅਤੇ ਪਵਿੱਤਰ ਸਥਾਨ ਏ। ਸ੍ਰੀ ਕੇਜਰੀਵਾਲ ਨੇ ਭਗਵਾਨ ਵਾਲਮੀਕਿ ਦੇ ਮੰਦਰ ਦੇ ਬਿਲਕੁਲ ਨਾਲ ਲਵ, ਕੁਸ਼ ਅਤੇ ਮਾਤਾ ਜਾਨਕੀ ਨੂੰ ਸਮਰਪਿਤ ਵਿਸ਼ਾਲ ਮੰਦਰ ਬਣਾਉਣ ਦਾ ਐਲਾਨ ਕੀਤਾ । ਉਨ੍ਹਾਂ ਨਾਲ ਮੌਜੂਦ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਕੱਲ੍ਹ 29 ਜੂਨ ਨੂੰ

ਬੁਲਾਏ ਗਏ ਸਾਰੇ ਵਿਧਾਇਕ ਅਤੇ ਮੰਤਰੀ, ਸਿੱਖ ਧਰਮ ਦੇ ਸਰਵਉੱਚ ਅਸਥਾਨ ਅੱਗੇ ਪੇਸ਼ ਹੋਣਗੇ। ਵਿਧਾਇਕਾਂ ਅਤੇ ਮੰਤਰੀਆਂ ਨੂੰ ਬੇਅਦਬੀ ਵਿਰੋਧੀ ਕਾਨੂੰਨ ਦੇ ਸਬੰਧ ਵਿੱਚ ਆਪਣਾ ਪੱਖ ਰੱਖਣ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਣ ਲਈ ਕਿਹਾ ਗਿਆ ਸੀ। ਇਸਤੋਂ ਪਹਿਲਾਂ ਬੀਤੇ ਕੱਲ ਉਹ ਅੰਮ੍ਰਿਤਸਰ ਵਿਖੇ 'ਇੱਕ ਸ਼ਾਮ ਭਗਵਾਨ ਸ਼ਿਵ ਜੀ ਕੇ ਨਾਮ' ਭਜਨ ਸੰਧਿਆ ਦੌਰਾਨ ਹਜ਼ਾਰਾਂ ਸ਼ਰਧਾਲੂਆਂ ਨਾਲ ਸ਼ਾਮਲ ਹੋਏ ਸਨ ।

---------------------------------------------------------------

ਪੰਜਾਬ ਰਾਜ ਖੁਰਾਕ ਕਮਿਸ਼ਨ ਵੱਲੋਂ ਆਰਟੀਫੀਸ਼ੀਅਲ ਇੰਟੈਲੀਜੈਂਸ-AI ਮਾਹਿਰ ਨਿਪੁੰਨ ਸਿਆਲ ਨਾਲ ਇੱਕ ਵਿਚਾਰ-ਵਟਾਂਦਰਾ ਸੈਸ਼ਨ ਕੀਤਾ ਗਿਆ। ਇਸ ਦਾ ਉਦੇਸ਼ ਇਹ ਪਤਾ ਲਗਾਉਣਾ ਸੀ ਕਿ ਉੱਭਰ ਰਹੀਆਂ ਤਕਨਾਲੋਜੀਆਂ ਪੰਜਾਬ ਵਿੱਚ ਰਾਸ਼ਟਰੀ ਖੁਰਾਕ ਸੁਰੱਖਿਆ ਐਕਟ , 2013 ਦੇ ਲਾਗੂਕਰਨ ਨੂੰ ਹੋਰ ਪਾਰਦਰਸ਼ੀ, ਕੁਸ਼ਲ ਅਤੇ ਨਾਗਰਿਕ-ਕੇਂਦ੍ਰਿਤ ਕਿਵੇਂ ਬਣਾ ਸਕਦੀਆਂ ਨੇ ਅਤੇ ਕਿਵੇਂ ਇਹ ਕਮਿਸ਼ਨ ਦੇ ਕੰਮਕਾਜ ਵਿੱਚ ਸਹਾਇਤਾ ਕਰ ਸਕਦੀਆਂ ਹਨ। ਸੈਸ਼ਨ ਦੀ ਪ੍ਰਧਾਨਗੀ ਕਰਦਿਆਂ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਨੇ ਕਿਹਾ ਕਿ ਕਮਿਸ਼ਨ ਖੁਰਾਕ ਸੁਰੱਖਿਆ ਐਕਟ ਦੇ ਲਾਗੂਕਰਨ ਦੀ ਨਿਗਰਾਨੀ ਕਰਨ, ਸ਼ਿਕਾਇਤਾਂ ਦੀ ਸਮੀਖਿਆ ਕਰਨ ਅਤੇ ਨੀਤੀਗਤ ਸੁਧਾਰਾਂ ਲਈ ਰਾਜ

ਸਰਕਾਰ ਨੂੰ ਸਲਾਹ ਦੇਣ ਦਾ ਕੰਮ ਕਰਦਾ ਏ । ਕਮਿਸ਼ਨ ਨੂੰ ਸੰਬੋਧਨ ਕਰਦਿਆਂ ਸ੍ਰੀ ਸਿਆਲ ਨੇ ਉਨ੍ਹਾਂ ਖਾਸ ਖੇਤਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਿੱਥੇ ਏ.ਆਈ. ਕਮਿਸ਼ਨ ਦੇ ਕੰਮਕਾਜ ਵਿੱਚ ਸਹਾਇਤਾ ਕਰ ਸਕਦੀ ਏ । ਉਨ੍ਹਾਂ ਕਿਹਾ ਕਿ ਏ.ਆਈ.-ਸਮਰੱਥ ਐਨਾਲਿਟਿਕਸ ਰੋਜ਼ਾਨਾ ਅਧਾਰ 'ਤੇ ਡੇਟਾ ਦੀ ਜਾਂਚ ਕਰ ਸਕਦੇ ਨੇ ਤਾਂ ਜੋ ਅਸਧਾਰਨ ਪੈਟਰਨਾਂ ਜਿਵੇਂ ਕਿ ਘੱਟ ਸਪਲਾਈ, ਬੰਦ ਪਏ ਰਾਸ਼ਨ ਡਿਪੂਆਂ, ਜਾਂ ਅਲਾਟ ਕੀਤੇ ਗਏ ਅਤੇ ਵੰਡੇ ਗਏ ਅਨਾਜ ਵਿਚਕਾਰ ਅੰਤਰ ਦੀ ਪਛਾਣ ਕੀਤੀ ਜਾ ਸਕੇ। ਇਸ ਨਾਲ ਕਮਿਸ਼ਨ ਨੂੰ ਸਮੱਸਿਆਵਾਂ ਦਾ ਜਲਦੀ ਪਤਾ ਲਗਾਉਣ ਅਤੇ ਸਮੇਂ ਸਿਰ ਸੁਧਾਰਾਤਮਕ ਕਾਰਵਾਈ ਕਰਨ ਵਿੱਚ ਮਦਦ ਮਿਲੇਗੀ।

---------------------------------------------------

ਪੰਜਾਬ ਬਟਾਲਿਅਨ ਐਨਸੀਸੀ, ਗੁਰਦਾਸਪੁਰ ਦੇ ਸਾਲਾਨਾ ਟ੍ਰੇਨਿੰਗ ਕੈਂਪ ਤਹਿਤ ਕੋਰ ਆਫ ਸਿਗਨਲਜ਼ ਦੀ ਡੇਅਰ-ਡੈਵਿਲਜ਼ ਟੀਮ ਨੇ ਬੀਤੇ ਕੱਲ ਕੈਂਪ ਦਾ ਦੌਰਾ ਕੀਤਾ। ਇਸ ਸੁਖਜਿੰਦਰ ਗਰੁੱਪ ਆਫ ਇੰਸਟੀਚਿਊਟਸ, ਗੁਰਦਾਸਪੁਰ ਵਿਖੇ ਆਯੋਜਿਤ ਕੀਤਾ ਗਿਆ । ਇਸ ਮੌਕੇ 400 ਤੋਂ ਵੱਧ ਐਨਸੀਸੀ ਕੈਡੇਟਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਟੀਮ ਨੇ ਸ਼ਾਨਦਾਰ ਮੋਟਰਸਾਈਕਲ ਸਟੰਟਾਂ ਦਾ ਰੋਮਾਂਚਕ ਪ੍ਰਦਰਸ਼ਨ ਕਰਦੇ ਹੋਏ ਆਪਣੇ

ਬੇਮਿਸਾਲ ਹੌਸਲੇ, ਉੱਚ ਕੋਟੀ ਦੇ ਹੁਨਰ, ਅਨੁਸ਼ਾਸਨ ਅਤੇ ਟੀਮ ਭਾਵਨਾ ਦਾ ਪ੍ਰਗਟਾਵਾ ਕੀਤਾ। ਕੋਰ ਆਫ ਸਿਗਨਲਜ਼ ਦੀ ਇੱਕ ਨੌਜਵਾਨ ਮਹਿਲਾ ਅਧਿਕਾਰੀ ਨੇ ਕੈਡੇਟਾਂ ਨੂੰ ਲੀਡਰਸ਼ਿਪ, ਅਨੁਸ਼ਾਸਨ, ਦੇਸ਼ਭਗਤੀ ਅਤੇ ਨਿਸ਼ਕਾਮ ਸੇਵਾ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੇ ਸੰਬੋਧਨ ਨੇ ਕਈ ਕੈਡੇਟਾਂ ਨੂੰ ਭਾਰਤੀ ਸਸ਼ਸਤ੍ਰ ਬਲਾਂ ਵਿੱਚ ਕਰੀਅਰ ਬਣਾਉਣ ਲਈ ਉਤਸ਼ਾਹਿਤ ਕੀਤਾ। ਅਖੀਰ 'ਚ ਟੀਮ ਅਤੇ ਕੈਡੇਟਾਂ ਦਰਮਿਆਨ ਇੱਕ ਸੰਵਾਦ ਸੈਸ਼ਨ ਆਯੋਜਿਤ ਕੀਤਾ ਗਿਆ, ਜਿਸ ਵਿੱਚ ਕੈਡੇਟਾਂ ਨੇ ਫੌਜੀ ਜੀਵਨ, ਸਾਹਸਿਕ ਗਤੀਵਿਧੀਆਂ ਅਤੇ ਕੋਰ ਆਫ ਸਿਗਨਲਜ਼ ਦੀ ਭੂਮਿਕਾ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਇਹ ਦੌਰਾ ਸਾਲਾਨਾ ਟ੍ਰੇਨਿੰਗ ਕੈਂਪ ਨੇ ਐਨਸੀਸੀ ਕੈਡੇਟਾਂ ਵਿੱਚ ਸਾਹਸ, ਪ੍ਰੇਰਣਾ ਅਤੇ ਰਾਸ਼ਟਰ ਸੇਵਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ।